**ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਿਟੀ, ਪੰਜਾਬ।**

ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:172-2623006, 2623207, 2620106, 2621104,2631104,ਫੈਕਸ:0172-2624687 ਈ-ਮੇਲ: ssapunjab123@gmail.com

ਵੱਲ: ਚੇਅਰਮੈਨ,

ਪੰਜਾਬ ਸਕੂਲ ਸਿੱਖਿਆ ਬੋਰਡ,

ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਮੀਮੋ ਨੰ: 9/5-2010/SSA/FTB/29325

ਮਿਤੀ,ਚੰਡੀਗੜ੍ਹ: 15 ਮਾਰਚ,2010

**ਵਿਸਾ: ਸਾਲ 2010-11 ਵਾਸਤੇ ਪਾਠ ਅਤੇ ਅਭਿਆਸ ਪੁਸਤਕਾਂ ਦੀ ਵੰਡ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਦੱਸਿਆ ਜਾਂਦਾ ਹੈ ਕਿ ਮਿਤੀ ਮਿਤੀ 25-02-2010 ਨੂੰ ਬੋਰਡ ਦੇ ਅਧਿਕਾਰੀਆਂ ਨਾਲ ਹੋਈਆਂ ਮੀਟਿੰਗਾਂ ਵਿੱਚ ਕਿਤਾਬਾਂ ਦੀ ਸਪਲਾਈ ਨਵੇਂ ਸੈਸ਼ਨ ਦੇ ਪਹਿਲੇ ਹਫ਼ਤੇ ਯਕੀਨੀ ਬਣਾਉਣ ਦਾ ਅਹਿਦ ਕੀਤਾ ਗਿਆ ਸੀ।

2.0 ਇਸ ਸਬੰਧੀ ਇਸ ਦਫ਼ਤਰ ਵੱਲੋਂ ਪੱਤਰ ਲਿਖ ਕੇ ਰਾਜ ਦੇ ਸਾਰੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਐਸਿ) ਅਤੇ (ਸੈਸਿ) ਨੂੰ ਸਪੱਸ਼ਟ ਕੀਤਾ ਗਿਆ ਸੀ ਕਿ ਕਿਤਾਬਾਂ ਦੀ ਸਮੇ ਸਿਰ ਵੰਡ ਯਕੀਨੀ ਬਣਾਉਣ ਹਿੱਤ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਬਣਦਾ ਸਹਿਯੋਗ ਦਿੱਤਾ ਜਾਵੇ।

3.0 ਪਰੰਤੂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਆਪਣੇ ਸ਼ੈਡਿਊਲ ਵਿੱਚ ਗਜ਼ਟਿਡ ਛੁੱਟੀਆਂ ਅਤੇ ਐਤਵਾਰ ਵੀ ਸ਼ਾਮਲ ਕੀਤੇ ਗਏ ਹਨ।ਜਿਸ ਦੇ ਚਲਦਿਆਂ ਅਧਿਆਪਕਾਂ ਵੱਲੋਂ ਗਜ਼ਟਿਡ ਛੁੱਟੀਆਂ ਅਤੇ ਐਤਵਾਰ ਨੂੰ ਕਿਤਾਬਾਂ ਦੀ ਪ੍ਰਾਪਤੀ ਲਈ ਸਕੂਲ ਖੁੱਲ੍ਹਾ ਰੱਖਣਾ ਅਸੰਭਵ ਹੈ।

4.0 ਇਸ ਲਈ ਆਪ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਸ਼ੈਡਿਊਲ ਵਿੱਚ ਗਜ਼ਟਿਡ ਛੁੱਟੀਆਂ ਅਤੇ ਐਤਵਾਰ ਸ਼ਾਮਲ ਨਾ ਕੀਤੇ ਜਾਣ ਜੀ।

5.0 ਨਿਮਨ-ਹਸਤਾਖ਼ਰੀ ਨੂੰ ਆਸ ਹੈ ਕਿ ਆਪ ਪੁਸਤਕਾਂ ਨਿਸਚਿਤ ਸਮੇ ਭਾਵ ਕਿ ਅਪ੍ਰੈਲ ਦੇ ਪਹਿਲੇ ਹਫ਼ਤੇ ਤੱਕ ਸਾਰੇ ਸਕੂਲਾਂ ਵਿੱਚ ਪੁੱਜਦੀਆਂ ਕਰ ਦਿੱਤੀਆਂ ਜਾਣਗੀਆਂ।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**

ਪਿਠ ਅੰਕਣ ਨੰ:-ਉਕਤ-

ਉਪਰੋਕਤ ਦਾ ਉਤਾਰਾ ਜ਼ਿਲ੍ਹਾ ਸਿੱਖਿਆ ਅਫ਼ਸਰਾਂ (ਐਸਿ) ਨੂੰ ਉਹਨਾਂ ਦੀ ਜਾਣਕਾਰੀ ਹਿੱਤ ਭੇਜਿਆ ਜਾਂਦਾ ਹੈ।

**ਡੀ.ਜੀ.ਐੱਸ.ਈ.-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ, ਚੰਡੀਗੜ੍ਹ।**